3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਬਾਲ ਕ੍ਰਿਸ਼ਨ ਏ.ਐਸ.ਆਈ. ਵਲੋਂ ਪੱਤਰ ਨੰ: 133 ਆਰ.ਟੀ.ਆਈ. ਮਿਤੀ 5-2-2020 ਪੇਸ਼ ਕੀਤਾ ਗਿਆ ਜੋ ਪਹਿਲਾਂ ਹੀ ਡਾਕ ਰਾਹੀਂ ਪ੍ਰਾਪਤ ਹੋ ਚੁੱਕੇ ਹਨ ਜੋ ਕਮਿਸ਼ਨ ਨੂੰ ਸੰਬੋਧਤ ਹਨ ਅਤੇ ਸ਼ਿਕਾਇਤਕਰਤਾ ਨੂੰ ਕਾਪੀ ਭੇਜੀ ਗਈ ਹੈ। ਇਹ ਪੱਤਰ ਮਿਸਲ ਤੇ ਉਪਲਬਧ ਹਨ।

4. ਉੱਤਰਦਾਤਾ ਵਲੋਂ ਪੇਸ਼ ਕੀਤੇ ਉਕਤ ਪੱਤਰ ਰਾਹੀਂ ਦਸਿਆ ਗਿਆ ਹੈ ਕਿ ਇਸ ਨਾਲ ਸਬੰਧਤ ਰਿਕਾਰਡ ਅਸ.ਡੀ.ਜੈ.ਐਮ. ਸ੍ਰੀ ਅੰਨਦਪੋਰ ਸਾਹਬਿ ਜੀ ਦੀ ਅਦਾਲਤ ਵਿਚ ਸੀ ਅਤੇ ਹੁਣ ਡੀ.ਪੀ.ਓ.ਰੂਪਨਗਰ ਵਲੋਂ ਭੇਜੀ ਰਿਪੋਰਟ ਅਨੁਸਾਰ ਰਿਕਾਰਡ ਪ੍ਰਾਪਤ ਹੋ ਚੁੱਕਾ ਸੀ ਅਤੇ ਪੱਤਰ ਨ: 841/ਆਰ.ਟੀ.ਆਈ. ਮਿਤੀ 23-8-2019 ਨੂੰ ਸਧਾਰਨ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵਲੋਂ ਪੇਸ਼ ਕੀਤੇ ਗਏ ਪੱਤਰ ਅਤੇ ਦਿੱਤੀ ਗਈ ਦਲੀਲ ਅਨੁਸਾਰ ਉਸਨੂੰ ਲੜੀ ਨੰ: 2,4 ਅਤੇ 5 ਸਬੰਧੀ ਦਿੱਤੀ ਗਈ ਸੂਚਨਾ ਤੋਂ ਉਹ ਸੰਤੁਸ਼ਟ ਨਹੀਂ ਜਿਸ ਸਬੰਧੀ ਉਸ ਵਲੋਂ ਪਾਈ ਗਈ ਤਰੁੱਟੀ ਸਬੰਧੀ ਪੱਤਰ ਪੇਸ਼ ਕੀਤਾ ਗਿਆ ਜੋ ਕਿ ਉੱਤਰਦਾਤਾ ਦੇ ਨੁਮਾਇੰਦੇ ਨੂੰ ਦੇ ਦਿੱਤਾ ਗਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤ ਕਰਤਾ ਵਲੋਂ ਪੇਸ ਕੀਤੀਆਂ ਗਈਆਂ ਤਰੁੱਟੀਆਂ ਸਬੰਧੀ ਉਸਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਸਿੱਧੇ ਤੌਰ ਤੇ ਲਿਖਤੀ ਰੂਪ ਵਿਚ ਸੂਚਨਾ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 10 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਿੱਤਰ ਸੇਣ ਮੀਤ (9855631777)
297 ਗੱਲੀ ਨੰ: 6 ਉਪਕਾਰ ਨਗਰ ਸਿਵਲ ਲਾਇਨਜ਼,ਲੁਧਿਆਣਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਕਮਿਸ਼ਨਰ ਜਲੰਧਰ ਡਵੀਜ਼ਨ, ਜਲੰਧਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1084 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਸ੍ਰੀ ਰਜਿੰਦਰ ਪਾਲ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਲੱਕੀ ਭਾਰਤੀ, ਸੀਨੀਅਰ ਸਹਾਇਕ (9876486918)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 4-11-2019 , ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਜਲੰਧਰ ਡਵੀਜ਼ਨ, ਜਲੰਧਰ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਮਿਤੀ 1-1-2019 ਤੋਂ 31-10-2019 ਤੱਕ ਕਮਿਸ਼ਨਨਰ, ਜਲੰਧਰ ਡਵੀਜਨ, ਜਲੰਧਰ ਨੂੰ ਮਿਤੀ 4-9-2019 ਨੂੰ ਦਿੱਤੀ ਪ੍ਰਤੀ ਬੇਨਤੀ ਨਾਲ ਸਬੰਧਤ 02 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ। ਇਸ ਕਮਿਸ਼ਨ ਵਲੋਂ ਇਸ ਕੇਸ ਨੂੰ ਪੜਚੋਲਣ ਉਪਰੰਤ ਮਿਤੀ 14-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਸ਼ਿਕਾਇਤਕਰਤਾ ਵਲੋਂ ਸ੍ਰੀ ਰਜਿੰਦਰ ਪਾਲ ਸਿੰਘ ਹਾਜ਼ਰ ਹੋਇਆ, ਉਸ ਵਲੋਂ ਸ਼ਿਕਾਇਤਕਰਤਾ ਵਲੋਂ ਦਿੱਤਾ ਗਿਆ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਲੱਕੀ ਭਾਰਤੀ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਅ4(2)-ਆਰ.ਟੀ.ਆਈ./2019/7623 ਮਿਤੀ 9-12-2019 ਪੇਸ਼ ਕੀਤਾ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਲੋਕ ਸੂਚਨਾ ਅਫਸਰ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 9-12-2019 ਜ਼ੋ ਸ਼ਿਕਾਇਤਕਰਤਾ ਨੂੰ ਸੰਬੋਧਤ ਹੈ ਰਾਹੀਂ ਲਿਖਿਆ ਗਿਆ ਕਿ ਮੰਗੀ ਗਈ ਸੂਚਨਾ ਨਾਲ ਨੱਥੀ ਹੈ, ਜ਼ੋ ਪੱਤਰ ਨੰ: ਅ4(2)-ਆਰ.ਟੀ.ਆਈ./2019/7567 ਮਿਤੀ 6-12-2019 ਹੈ। ਇਸ ਪੱਤਰ ਰਾਹੀਂ ਕਮਿਸ਼ਨਰ ਰੂਪਨਗਰ ਮੰਡਲ ਰੂਪ ਨਗਰ ਨੂੰ ਲਿਖੇ ਪੱਤਰ ਵਿਚ ਦਸਿਆ ਗਿਆ ਕਿ ਇਹ ਸ਼ਿਕਾਇਤ ਉਨ੍ਹਾਂ ਦੇ ਮੰਡਲ ਨਾਲ ਸਬੰਧਤ ਹੈ ਅਤੇ ਉਨ੍ਹਾਂ ਵਲੋਂ ਹੀ ਡੀਲ ਕੀਤੀ ਜਾਣੀ ਹੈ ਇਸ ਲਈ ਸਿਕਾਇਤ ਮੂਲ ਰੂਪ ਵਿਚ ਉਨ੍ਹਾਂ ਨੂੰ ਭੇਜ਼ ਦਿੱਤੀ ਗਈ। ਇਸ ਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤਾ ਗਿਆ। ਇਸ ਸਬੰਧ ਵਿਚ ਸ਼ਿਕਾਇਤਕਰਤਾ ਨੂੰ ਭੇਜੇ ਪੱਤਰ ਦੀ ਰਜਿਸਟਰੀ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਇਸ ਤਰ੍ਹਾਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਇਸ ਦਾ ਸਬੰਧ ਕਮਿਸ਼ਨਰ ਰੂਪਨਗਰ ਮੰਡਲ ਰੂਪਨਗਰ ਨਾਲ ਹੈ। ਉੱਤਰਦਾਤਾ ਵਲੋਂ ਮੌਕੇ ਤੇ ਵੀ ਸ਼ਿਕਾਇਤਕਰਤਾ ਨੂੰ ਭੇਜੇ ਗਏ ਪੱਤਰ ਦੀ ਕਾਪੀ ਦੇ ਦਿੱਤੀ ਗਈ ਹੈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਿੱਤਰ ਸੇਣ ਮੀਤ (9855631777)
297 ਗੱਲੀ ਨੰ: 6 ਉਪਕਾਰ ਨਗਰ ਸਿਵਲ ਲਾਇਨਜ਼,ਲੁਧਿਆਣਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਕੁਲੈਕਟਰ ਐਸ.ਬੀ.ਐਸ.ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1085 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਸ੍ਰੀ ਰਜਿੰਦਰ ਪਾਲ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਅਜੀਤਪਾਲ ਸਿੰਘ ਤਹਿਸੀਲਦਾਰ ਬੰਗਾ ਅਤੇ ਜ਼ਸਵੀਰ ਕੁਮਾਰੀ, (9872039124)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 4-11-2019 , ਲੋਕ ਸੂਚਨਾ ਅਧਿਕਾਰੀ ਦਫਤਰ ਕੁਲੈਕਟਰ ਐਸ.ਬੀ.ਐਸ.ਨਗਰ (ਨਵਾਂ ਸ਼ਹਿਰ) ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਮਿਤੀ 1-1-2019 ਤੋਂ 31-10-2019 ਤੱਕ ਕੁਲੈਕਟਰ ਐਸ.ਬੀ.ਐਸ.ਨਗਰ (ਨਵਾਂ ਸ਼ਹਿਰ) ਨੂੰ ਮਿਤੀ 4-9-2019 ਨੂੰ ਦਿੱਤੀ ਪ੍ਰਤੀ ਬੇਨਤੀ ਨਾਲ ਸਬੰਧਤ 02 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ। ਇਸ ਕਮਿਸ਼ਨ ਵਲੋਂ ਇਸ ਕੇਸ ਨੂੰ ਪੜਚੋਲਣ ਉਪਰੰਤ ਮਿਤੀ 14-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਸ਼ਿਕਾਇਤਕਰਤਾ ਵਲੋਂ ਸ੍ਰੀ ਰਜਿੰਦਰ ਪਾਲ ਸਿੰਘ ਹਾਜ਼ਰ ਹੋਇਆ, ਉਸ ਵਲੋਂ ਸ਼ਿਕਾਇਤਕਰਤਾ ਵਲੋਂ ਦਿੱਤਾ ਗਿਆ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਅਜੀਤਪਾਲ ਸਿੰਘ ਤਹਿਸੀਲਦਾਰ ਬੰਗਾ ਅਤੇ ਜ਼ਸਵੀਰ ਕੁਮਾਰੀ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 48/ਆਰ.ਟੀ.ਆਈ./ ਮਿਤੀ 7-2-2020 ਪੇਸ਼ ਕੀਤਾ ਗਿਆ ਜ਼ੋ ਸ਼ਿਕਾਇਤਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਮੁੱਖ ਸੂਚਨਾ ਕਮਿਸ਼ਨਰ ਅਤੇ ਇਸ ਕਮਿਸ਼ਨ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਹਾਜ਼ਰ ਨੁਮਾਇਦਿਆਂ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 7-2-2020 ਜ਼ੋ ਸ਼ਿਕਾਇਤਕਰਤਾ ਨੂੰ ਸੰਬੋਧਤ ਹੈ ਰਾਹੀਂ ਲਿਖਿਆ ਗਿਆ ਕਿ ਨੁਕਤਾ ਨੰ: 1 ਨਾਲ ਸਬੰਧਤ ਸੂਚਨਾ ਪਹਿਲਾਂ ਹੀ ਵਿੱਤ ਕਮਿਸ਼ਨਰ (ਅਪੀਲ 1), ਪੰਜਾਬ ਸਿਵਲ ਸਕਤਰੇਤ ਸੈਕਟਰ 9 ਚੰਡੀਗੜ੍ਹ ਵਲੋਂ ਮਾਣਯੋਗ ਮੁੱਖ ਰਾਜ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕੱਮਾਂ ਮਿਤੀ 13-1-2020 ਅਤੇ 27-1-2020 ਰਾਹੀਂ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ। ਇਸ ਦੇ ਨਾਲ ਹੀ ਨੁਕਤਾ ਨੰ: 2 ਸਬੰਧੀ ਸੂਚਨਾ ਸ਼ਿਕਾਇਤ ਕੇਸ ਨੰ: 1040/2019 ਮਾਨਯੋਗ ਸ੍ਰੀ ਸੁਰੇਸ਼ ਅਰੋੜਾ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਅਤੇ ਇਸ ਸ਼ਿਕਾਇਤ ਕੇਸ ਨੰ: 1085/2019 ਵਿਚ ਮੰਗ ਕੀਤੀ ਗਈ ਹੈ।ਉਕਤ ਦਸੇ ਅਨੁਸਾਰ ਇਹ ਦੋਵੇ ਕੇਸਾਂ ਵਿਚ ਸਿਕਾਇਤ ਕਰਤਾ ਨੂੰ ਪਹਿਲਾਂ ਹੀ ਸੂਚਨਾ ਦਿੱਤੀ ਜਾ ਚੁੱਕੀ ਹੈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਫਰਵਰੀ, 2020.**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਆਰੀਅਨ ਗੋਇਲ (7009900961)
ਸੇ ਬ੍ਰਿਜ ਲਾਲ ਗਲੀ ਵਾਰਡ ਨੰ: 14 ਜੈਤੋ ਜਿਲਾ ਫਰੀਦਕੋਟ।                --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ।                ----------ਉੱਤਰਦਾਤਾ

**ਅਪੀਲਾ ਕੇਸ ਨੰ: 66 ਆਫ 2020**

**ਹਾਜ਼ਰ:**

1. ਅਪੀਲਕਰਤਾ ਵਲੋ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸਰਬਜੀਤ ਸਿੰਘ ਸੁਪਰਡੰਟ (9417854691)।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-12-209 , ਲੋਕ ਸੂਚਨਾ ਅਧਿਕਾਰੀ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਰੋਲ ਨ: 171418865560 ਜਮਾਤ ਬੀ.ਏ.ਐਲਐਲਬੀ. ਪਹਿਲਾ ਸਮੈਸਟਰ ਦੂਜਾ ਪੇਪਰ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 14-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 8-2-2020 ਰਾਹੀਂ ਅਗਲੀ ਮਿਤੀ ਲੈਣ ਲਈ ਬੇਨਤੀ ਕੀਤੀ ਗਈ। ਇਸ ਤੋਂ ਇਲਾਵਾ ਪੱਤਰ ਮਿਤੀ 28-1-2020 ਜੋ ਡਾਕ ਰਾਹੀਂ ਪ੍ਰਾਪਤ ਹੋਇਆ ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ 18-12-2019 ਨੂੰ ਆਰ.ਟੀ.ਆਈ. ਦੇ ਸਬੰਧ ਵਿਚ ਅਪੀਲ ਕੀਤੀ ਕਿ ਆਰ.ਟੀ.ਆਈ. ਦੀ ਧਾਰਾ 7(1) ਲਾਈਫ ਐਂਡ ਲੀਬਰਟੀ ਤਹਿਤ ਪਾਈ ਸੀ ਅਤੇ ਇਸ ਉਪਰੰਤ ਦੂਜੀ ਅਪੀਲ ਕੀਤੀ ਗਈ ਹੈ ਕਿ ਉਸਨੂੰ ਉਸਦੇ ਪੇਪਰ ਦੀ ਨਕਲ ਬਿਨਾਂ ਕਿਸੇ ਦੇਰੀ ਦੇ ਦਿੱਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸਰਬਜੀਤ ਸਿੰਘ ਸੁਪਰਡੰਟ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਉਸ ਵਲੋਂ ਪੱਤਰ ਨ: 53/ਆਰ.ਟੀ.ਆਈ. ਮਿਤੀ 7-2-2020 ਪੇਸ਼ ਕੀਤਾ ਗਿਆ ਜੋ ਕਿ ਅਪੀਲਕਰਤਾ ਨੂੰ ਭੇਜਿਆ ਗਿਆ ਅਤੇ ਪੇਸ਼ੀ ਦੋਰਾਨ ਪੱਤਰ ਪੇਸ਼ ਕੀਤਾ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਨੇ ਮਿਤੀ 20-1-2020 ਨੂੰ ਨਿੱਜੀ ਸੁਣਵਾਈ ਕੀਤੀ ਗਈ ਸੀ ਅਤੇ ਇਹ ਸੂਚਨਾ 48 ਘੰਟੇ ਵਾਲੀ ਸ਼੍ਰੇਣੀ ਵਿਚ ਨਹੀਂ ਆਉਂਦੀ। ਅਪੀਲਕਰਤਾ ਵਲੋਂ ਸ਼ੀਟ, ਸਾਲ ਅਤੇ ਸੈਸ਼ਨ ਨਹੀ਼ ਦਸਿਆ ਗਿਆ ਸੀ । ਇਸ ਲਈ ਉਸਨੂੰ ਦਸਿਆ ਗਿਆ ਕਿ ਅਰਜੀ ਨਵੀ ਪਾਈ ਜਾਵੇ। ਜਦੋਂ ਅਪੀਲਕਰਤਾ ਵਲੋਂ ਮਿਤੀ 29-1-29020 ਨੂੰ ਨਵੀ ਅਰਜੀ ਦਿੱਤੀ ਤਾਂ ਉਸਨੂੰ ਪੱਤਰ ਨੰ: 48/ਆਰ.ਟੀ.ਆਈ. ਮਿਤੀ 5-2-2020 ਰਾਹੀਂ ਤਿਆਰ ਕੀਤੀ ਗਈ ਅਤੇ ਉਸਨੂੰ ਦਸਤੀ ਪ੍ਰਾਪਤ ਕਰਨ ਲਈ ਲਿਖਿਆ ਪਰ ਉਸ ਵਲੋਂ ਮੋਬਾਇਲ ਫੋਨ ਤੇ ਸੁਨੇਹਾ ਦੇਣ ਤੇ ਵੀ ਉਹ ਦਫਤਰ ਨਹੀਂ ਆਇਆ ਜਿਸ ਉਪਰੰਤ ਮੰਗੀ ਗਈ ਸੂਚਨਾ ਉਸ ਨੂੰ ਮਿਤੀ 6-2-2020 ਨੂੰ ਰਜਿਸਟਰੀ ਰਾਹੀਂ ਭੇਜ਼ ਦਿਤੀ ਗਈ ਹੈ। ਇਸ ਤਰ੍ਹਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 10 ਫਰਵਰੀ, 2020.**                **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਜਸਵਿੰਦਰ ਸਿੰਘ ਪੁੱਤਰ ਸ੍ਰੀ ਦੇਸ ਰਾਜ ਸਿੰਘ,
ਵਾਰਡ ਨੰ:6, ਮੋਹੱਲਾ ਬਸੋਲੀ ਪੱਟੀ, ਪਿੰਡ ਅਤੇ ਡਾਕਖਾਨਾ ਬਰੇਟਾ,
ਤਹਿਸੀਲ ਬੁਢਲਾਡਾ, ਜਿਲਾ ਮਾਨਸਾ- ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ,
ਤਹਿਸੀਲਦਾਰ ਬੁਢਲਾਡਾ, ਜਿਲਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ ਕਮ ਐਸ.ਡੀ.ਐਮ, ਬੁਢਲਾਢਾ
ਜਿਲ੍ਹਾ ਮਾਨਸਾ। ---------ਉੱਤਰਦਾਤਾ

**ਅਪੀਲ ਕੇਸ ਨੰ: 3668-2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 02-04-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਮਿਉਂਸਪਲ ਕਮਿਸ਼ਨਰ, ਬਰੇਟਾ, ਤਹਿਸੀਲ ਬੁਢਲਾਡਾ, ਜਿਲਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਭਾਗ ਸਿੰਘ ਪੁੱਤਰ ਸ੍ਰੀ ਸੁਗਰ ਸਿੰਘ ਨਿਵਾਸੀ ਮੁਹਲਾ ਬਲੋਣ ਪੱਤੀ ਬਰੇਟਾ ਪਿੰਡ ਦੇ ਨਾਂ ਨਾਲ ਸਬੰਧਤ ਖਸਰਾ ਨੰ: ਖੇਵਟ ਨੰ: ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਦਿੱਤੀ ਗਈ ਸੂਚਨਾ ਤੋਂ ਸੰਤਸ਼ਟ ਨਾ ਹੋਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 20-11-2019 ਅਤੇ ਮਿਤੀ 15-01-2020 ਨੂੰ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।ਪਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੱਤਰ ਨੰ: 85 /ਆਰ.ਟੀ.ਆਈ. ਮਿਤੀ 13-12-2019 ਰਜਿਸਟਰਡ ਡਾਕ ਰਾਹੀਂ ਮਿਤੀ 20-12-2019 ਨੂੰ ਪ੍ਰਾਪਤ ਹੋਇਆ ਸੀ। ਜੋ ਕਮਿਸ਼ਨ ਨੂੰ ਸੰਬੋਧਤ ਸੀ ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਸੀ ਕਿ ਅਪੀਲਕਰਤਾ ਨੂੰ ਉਨ੍ਹਾ ਦੇ ਦਫਤਰ ਵਲੋਂ ਪੱਤਰ ਨੰ: 494 ਮਿਤੀ 08-11-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ, ਇਸ ਸੰਬਧ ਵਿਚ ਭੇਜੀ ਗਈ ਸੂਚਨਾ ਦੀਆਂ ਕਾਪੀਆਂ ਵੀ ਭੇਜੀਆਂ ਗਈਆਂ ਸਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਵਿਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਸਬੰਧੀ ਸਿੱਧੇ ਤੌਰ ਤੇ ਉੱਤਰਦਾਤਾ ਨੂੰ ਲਿਖਤੀ ਰੂਪ ਵਿਚ ਦਸਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਸੂਚਨਾ ਪ੍ਰਾਪਤ ਨਾ ਹੋਣ ਦੀ ਸੂਰਤ ਵਿਚ ਸਮਝ ਲਿਆ ਜਾਵੇਗਾ ਕਿ ਉਹ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉਪਰੋਕਤ ਦਸੀ ਸਥਿਤੀ ਅਨੁਸਾਰ ਪਿਛਲੀ ਪੇਸ਼ੀ ਦੀ ਮਿਤੀ ਤੇ ਇਹ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਵਿਚ ਜੇ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਲਿਖਤੀ ਰੂਪ ਵਿਚ ਉੱਤਰਦਾਤਾ ਨੂੰ ਸਿੱਧੇ ਤੋਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਪਰ ਅਜੱ ਨਾਂ ਤਾਂ ਉੱਤਰਦਾਤਾ ਵਲੋਂ ਕੋਈ ਸੂਚਨਾ ਪ੍ਰਾਪਤ ਹੋਈ ਹੈ ਕਿ ਉਨ੍ਹਾਂ ਨੂੰ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਦਸੀਆਂ ਗਈਆਂ ਹਨ ਅਤੇ ਨਾਂ ਹੀ ਕਮਿਸ਼ਨ ਨੂੰ ਅਪੀਲਕਰਤਾ ਵਲੋਂ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਬਾਰੇ ਸੂਚਿਤ ਕੀਤਾ ਗਿਆ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਫਰਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।
ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3550/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਕੁਮਾਰ, ਇੰਨਕੁਆਰੀ ਅਫਸਰ (9646047077)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-05-2019, ਲੋਕ ਸੂਚਨਾ ਅਧਿਕਾਰੀ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀ.ਓ.ਸੀ.ਪੀ. ਨੰ: 1211/ਆਫ 2016 ਸਬੰਧੀ ਸ੍ਰੀ ਸਰਜੀਵਨ ਸਿੰਘ, ਸੀ:ਸਹਾਇਕ ਨੂੰ ਜਾਰੀ ਕਾਰਨ ਦਸੋ ਨੋਟਿਸ ਨਾਲ ਸਬੰਧਤ 08 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਸੁਣਵਾਈ ਦੀ ਮਿਤੀ 15-01-2020 ਨੂੰ ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਉਸ ਵਲੋਂ ਆਪਣੇ ਪੱਤਰ ਮਿਤੀ 19-12-2019 ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀ਼ ਵੀ ਬੇਨਤੀ ਕੀਤੀ ਸੀ ਕਿ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਭਿਜਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀਮਤੀ ਰਜਨੀ ਕੁਮਾਰੀ ਸੀਨੀਅਰ ਸਹਾਇਕ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਸਬੰਧਤ ਡੀਲਿੰਗ ਹੈਂਡ ਛੁੱਟੀ ਤੇ ਚਲ ਰਿਹਾ ਹੈ, ਇਸ ਲਈ ਇਸ ਕੇਸ ਵਿਚ ਸਮਾਂ ਦਿੱਤਾ ਜਾਵੇ। ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਪਰੋਕਤ ਅਨੁਸਾਰ ਦਿੱਤੇ ਗਏ ਬਿਆਨਾਂ ਮੁਤਾਬਿਕ ਨੂੰ ਧਿਆਨ ਵਿਚ ਰਖਦੇ ਹੋਏ। ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਸੂਚਨਾ ਪ੍ਰਾਪਤ ਹੋ ਗਈ ਹੈ ਕੇਸ ਬੰਦ ਕਰ ਦਿੱਤਾ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਕੁਮਾਰ, ਇੰਨਕੁਆਰੀ ਅਫਸਰ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿਤੀ ਗਈ ਹੈ। ਇਸ ਦੇ ਨਾਲ ਹੀ ਉੱਤਰਦਾਤਾ ਵਲੋਂ ਡਾਕ ਰਾਹੀਂ ਪ੍ਰਾਪਤ ਪੱਤਰਾਂ ਅਨੁਸਾਰ ਆਪਣੇ ਨੁਮਾਇੰਦੇ ਨੂੰ ਪੇਸ਼ੀ ਤੇ ਹਾਜਰ ਹੋਣ ਲਈ ਲਿਖਿਆ ਗਿਆ ਸੀ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਪੱਤਰ ਮਿਸਲ ਤੇ ਉਪਲਬਧ ਹਨ।

5. ਉੱਤਰਦਾਤਾ ਵਲੋਂ ਹਾਜ਼ਰ ਨੁਮਾਇਦੇ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਪੇਸ਼ੀ ਦੋਰਾਨ ਕਮਿਸ਼ਨ ਦੇ ਸਾਹਮਣੇ ਇਸ ਗੱਲ ਦੀ ਪੁਸਟੀ ਕੀਤੀ ਗਈ ਕਿ ਉਸਨੂੰ ਮੰਗੀ ਗਈ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਕੇਸ ਬੰਦ ਕੀਤਾ ਜਾਵੇ। ਇਸ ਲਈ ਇਹ ਅਪੀਲ ਕੇਸ ਦਾਖਲ ਦਫਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 10 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾ: ਹਰਸਿਮਰਨ ਸਿੰਘ, ਐਸੋਸੀਏਟ ਪ੍ਰੋਫੈਸਰ, ਮੋ:9915271946
ਗੋਰਮਿੰਟ ਮੈਡੀਕਲ ਕਾਲਜ਼ ਐਂਡ ਰਜਿੰਦਰਾ ਹਸਪਤਾਲ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ, ਡੀ.ਆਰ.ਐਮ.ਈ, ਪੰਜਾਬ, ਮੋਹਾਲੀ।
ਪਹਿਲੀ ਅਪੀਲੀ ਅਥਾਰਟੀ,
ਦਫਤਰ, ਡੀ.ਆਰ.ਐਮ.ਈ, ਪੰਜਾਬ, ਮੋਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:3893 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-06-2019 , ਲੋਕ ਸੂਚਨਾ ਅਧਿਕਾਰੀ ਦਫਤਰ ਡੀ.ਆਰ.ਐਮ.ਈ, ਪੰਜਾਬ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਪ੍ਰੋਫੈਸਰ, ਐਥਾਮੋਲੋਜੀ ਦੀ ਇਟਰਵਿਊ ਜ਼ੋ ਮਿਤੀ 21-6-2019 ਨੂੰ ਹੋਈ ਸੀ ਵਿਚ ਅਯੋਗਤਾ ਸਬੰਧੀ ਵਿਭਾਗ ਤੋਂ ਡਿਟੇਲ ਦੀ ਮੰਗ ਕੀਤੀ ਗਈ ਹੈ, ਜ਼ੋ ਕਿ ਦਫਤਰ ਵੈਵਸਾਇਟ ਤੇ ਲੜੀ ਨੰ: 186-187 ਤੇ ਪਾਈ ਗਈ ਹੈ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-1-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 20-1-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਤੇਜਿੰਦਰ ਪਾਲ ਸਿੰਘ, ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 2 ਐਮ.ਈ.1. ਪੰ: 19/22518 ਮਿਤੀ 12-12-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਨੂੰ ਉੱਤਾਰਾ ਕੀਤਾ ਗਿਆ ਸੀ । ਪਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਫਿਰ ਵੀ ਉਸਨੂੰ ਇਕ ਹੋਰ ਮੋਕਾ ਦਿੰਦੇ ਹੋਏ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸੂਚਨਾ ਦੀ ਪ੍ਰਾਪਤੀ ਤੋਂ 5 ਦਿਨਾਂ ਦੇ ਅੰਦਰ ਅੰਦਰ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿਚ ਨੋਟ ਕਰਵਾਉਂਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ।

4. ਪਿਛਲੀ ਮਿਤੀ ਤੇ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸੂਚਨਾ ਦੀ ਪ੍ਰਾਪਤੀ ਤੋਂ 5 ਦਿਨਾਂ ਦੇ ਅੰਦਰ ਅੰਦਰ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿਚ ਨੋਟ ਕਰਵਾਉਂਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਪਰ ਅੱਜ ਨਾਂ ਤਾਂ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਸਬੰਧੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਅਤੇ ਨਾ ਹੀ ਉੱਤਰਦਾਤਾ ਵਲੋਂ ਕੋਈ ਸੂਚਨਾ ਜਾਂ ਨੁਮਾਇੰਦਾ ਪੇਸ਼ ਹੋਇਆ ਹੈ। ਇਸ ਤਰ੍ਹਾਂ ਸ਼ਪਸ਼ੱਟ ਹੈ ਕਿ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਅਪੀਲਕਰਤਾ ਸੰਤੁਸ਼ਟ ਹੈ, ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਫਰਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗਗਨਦੀਪ ਸਿੰਘ ਜੰਜੂਆ 9780643243
ਪਿੰਡ ਤੂਰਾ, ਡਾਕਖਾਨਾ ਖੁੰਭ ਤਹਿਸੀਲ ਅਮਲੋਹ, ਜਿਲਾ ਫਤਿਹਗੜ੍ਹ ਸਾਹਿਬ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ, ਐਸ.ਡੀ.ਐਮ. ਬੰਗਾ, ਜਿਲਾ ਐਸ.ਬੀ.ਐਸ.ਨਗਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਡੀ.ਐਮ. ਬੰਗਾ, ਜਿਲਾ ਐਸ.ਬੀ.ਐਸ.ਨਗਰ । -----ਉੱਤਰਦਾਤਾ

**ਅਪੀਲ ਕੇਸ ਨੰ: 3905 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ (9876318667)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਡੀ.ਐਮ. ਬੰਗਾ, ਜਿਲਾ ਐਸ.ਬੀ.ਐਸ.ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੱ: 1366, ਮਿਤੀ 04-07-2019 ਰਾਹੀਂ ਸੀ.ਆਰ.ਪੀ.ਸੀ. ਦੇ ਸੈਕਸ਼ਨ 145,146 ਦੇ ਅਨੁਲੱਗ 2 ਅਨੁਸਾਰ ਰਸੀਵਰ ਨਿਯੁਕਤ ਕਰਨ ਤੇ ਅਧਿਕਾਰ ਸਬੰਧਤ ਮੈਜਿਸਟਰੇਟ ਨੂੰ ਹਨ, ਇਸ ਲਈ ਦਰਖਾਸਤ ਕਰਤਾ ਨੂੰ ਸੂਚਨਾ ਦਿੱਤੀ ਜਾਵੇ ਕਿ ਕਿਸ ਹਾਲਾਤਾਂ ਜਾਂ ਕਿਸ ਦੀ ਰਿਪੋਰਟ ਪਰ ਰਸੀਵਰ ਨਿਯੁਕਤ ਕੀਤਾ ਜਾ ਸਕਦਾ ਹੈ, ਰਸੀਵਰ ਲਗਾਉਣ ਦੇ ਕਾਰਨ ਦਰਸਾਉਂਦੇ ਦਸਤਾਵੇਜ਼ਾਂ ਦੀਆਂ ਕਾਪੀਆਂ ਦਿੱਤੀਆਂ ਜਾਣ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 20-01-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ , ਉਸ ਵਲੋਂ ਪੱਤਰ ਨੰ: ਸਪੈਸ਼ਲ-1/ਰੀਡਰ/ ਮਿਤੀ 17-01-2020 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ। ਜਿਸ ਰਾਹੀਂ ਦਸਿਆ ਗਿਆ ਕਿ ਉਨ੍ਹਾਂ ਦੇ ਦਫਤਰ ਵਲੋਂ ਕੋਈ ਵੀ ਰਸੀਵਰ ਨਿਯੁਕਤ ਨਹੀਂ ਕੀਤਾ ਗਿਆ ਅਤੇ ਨਾ ਹੀ ਇਸ ਦਫਤਰ ਵਿਖੇ ਇਸ ਸੰਬਧ ਵਿਚ ਕੋਈ ਹੁੱਕਮ ਜਾਂ ਹਦਾਇਤਾਂ ਉਪਲਭਧ ਹਨ। ਇਸ ਦੇ ਨਾਲ ਹੀ ਦਸਿਆ ਗਿਆ ਕਿ ਇਸ ਸਬੰਧੀ ਉਨ੍ਹਾਂ ਵਲੋਂ ਪੱਤਰ ਮਿਤੀ 09-08-2019 ਰਾਹੀਂ ਵੀ ਅਪੀਲਕਰਤਾ ਸੂਚਿਤ ਕਰ ਦਿੱਤਾ ਗਿਆ ਸੀ ਕਿ ਸੂਚਨਾ ਉਪਲਭਧ ਨਹੀ ਹੈ ਕਿਉਂਜੋ ਸਿਕਾਇਤ ਸਬੰਧੀ ਦਰਖਾਸਤ ਉਨ੍ਹਾਂ ਦੇ ਦਫਤਰ ਵਿਚ ਨਿਪਟਾਰੇ ਹਿੱਤ ਪੈਡਿੰਗ ਹੈ।ਉੱਤਰਦਾਤਾ ਵਲੋਂ ਦਿੱਤਾ ਗਿਆ ਉੱਤਰ ਸਹੀ ਨਹੀਂ ਸੀ ਕਿਉਂਜੋ ਅਪੀਲਕਰਤਾ ਵਲੋਂ ਆਪਣੀ ਅਰਜੀ ਵਿਚ ਲਿਖਿਆ ਗਿਆ ਸੀ ਕਿ ਸੂਚਨਾ ਦਿਤੀ ਜਾਵੇ ਕਿ ਕਿਸ ਹਲਾਤ ਜਾਂ ਕਿਸ ਦੀ ਰਿਪੋਰਟ ਪਰ ਰਸੀਵਰ ਨਿਯੁਕਤ ਕੀਤਾ ਜਾ ਸਕਦਾ ਹੈ ਰਸੀਵਰ ਲਗਾਉਣ ਦੇ ਕਾਰਨ ਦਰਸਾਉਂਦੇ ਦਸਤਾਵੇਜ਼ਾਂ ਦੀਆਂ ਕਾਪੀਆਂ ਦਿੱਤੀਆਂ ਜਾਣ। ਇਸ ਲਈ ਉੱਤਰ ਵਿਸਥਾਰ ਵਿਚ ਦਸਤਾਵੇਜ਼ਾਂ ਸਹਿਤ ਦਿੱਤਾ ਜਾਵੇ । ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਹੀ ਉੱਤਰ ਦਿੱਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਸਪੈਸਲ 1 /ਰੀਡਰ/ਮਿਤੀ 7-2-2020 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਉਕਤ ਪੱਤਰ ਰਾਹੀਂ ਅਪੀਲਕਰਤਾ ਨੂੰ ਮਗੀ ਗਈ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ। ਇਸ ਤਰ੍ਹਾਂ ਸਪਸਟ ਹੈ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੋਂ ਅਪੀਲਕਰਤਾ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 10 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੋਤਮ ਸਹਿਗਲ ਮੋ: 9915412163
730 ਸੈਕਟਰ,8 ਬੀ, ਚਡੀਗੜ੍ਹ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ
ਦਫਤਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ।

ਪਹਿਲੀ ਅਪੀਲੀ ਅਥਾਰਟੀ,
ਵਾਇਸ ਚਾਂਸਲਰ, ਦਫਤਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ । -----ਉੱਤਰਦਾਤਾ

**ਅਪੀਲ ਕੇਸ ਨੰ:3914 ਆਫ 2019**

**ਹਾਜ਼ਰ**

1) ਅਪੀਲਕਰਤਾ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਰਬਜੀਤ ਸਿੰਘ, ਸੁਪਰਡੰਟ (9417854691) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-04-2019 , ਲੋਕ ਸੂਚਨਾ ਅਧਿਕਾਰੀ ਦਫਤਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ ਸਮੈਸਟਰ ਸਿਸਟਮ ਪ੍ਰਿਖਿਆ ਦੇ ਰੂਲ ਅਤੇ ਰੈਗੂਲੇਸ਼ਨ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 20-01-2020 ਨੂੰ ਅਪੀਲਕਰਤਾ ਸ੍ਰੀ ਗੋਤਮ ਸਹਿਗਲ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਰਬਜੀਤ ਸਿੰਘ, ਸੁਪਰਡੰਟ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 014/ਆਰ.ਟੀ.ਆਈ. ਮਿਤੀ 17-01-2020 ਪੇਸ਼ ਕੀਤਾ ਗਿਆ ਅਤੇ ਉੱਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਹੈ। ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 17-01-2020 ਰਾਹੀਂ ਅਪੀਲਕਰਤਾ ਦੀ ਮੰਗ ਅਨੁਸਾਰ ਨੁਕਤਾਵਾਰ ਸੂਚਨਾ ਦਿੱਤੀ ਗਈ ਹੈ ਅਤੇ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਦਸਤੀ ਅਪੀਲਕਰਤਾ ਨੂੰ ਦੇ ਦਿਤੀ ਗਈ। ਅਪੀਲਕਰਤਾ ਵਲੋਂ ਪੇਸ਼ੀ ਦੋਰਾਨ ਦਿੱਤੀ ਗਈ ਸੂਚਨਾ ਤੇ ਤਰੁੱਟੀਆਂ ਪੇਸ਼ ਕਰਨ ਸਬੰਧੀ ਸਮੇਂ ਦੀ ਮੰਗ ਕੀਤੀ ਗਈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਅਗਲੀ ਮਿਤੀ ਦੀ ਮੰਗ ਕੀਤੀ ਗਈ

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਰਬਜੀਤ ਸਿੰਘ, ਸੁਪਰਡੰਟ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: 50/ਆਰ.ਟੀ.ਆਈ. ਮਿਤੀ 7-2-2020 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 7-2-2020 ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈ

ਪਰਤੋਂ ਜੀ ------ਚਲਦਾ ਪੰਨਾ/2

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3914 ਆਫ 2019**

ਅਤੇ ਨਾ ਹੀ ਉਸ ਵਲੋਂ ਕਮਿਸ਼ਨ ਨੂੰ ਕੋਈ ਤਰੁੱਟੀਆਂ ਬਾਰੇ ਲਿਖਿਆ ਗਿਆ ਹੈ। ਇਸ ਤੋਂ ਸਪਸਟ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ ਅਪੀਲ ਕੇਸ ਦਾਖਲ ਦਫਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 10 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।